# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :26-07-2026**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕਾਰਗਿਲ ਵਿਜੈ ਦਿਵਸ ਦੇ ਮੌਕੇ 'ਤੇ ਦੇਸ਼ ਦੇ ਬਹਾਦਰ ਫੌਜੀਆਂ ਨੂੰ ਯਾਦ ਕੀਤਾ ਏ ਤੇ ਕਿਹੈ ਕਿ ਭਾਰਤ ਲਗਾਤਾਰ ਨਵੀਆਂ ਉਚਾਈਆਂ ਛੋਹ ਰਿਹਾ ਏ, ਭਾਵੇਂ ਉਹ ਰੱਖਿਆ ਉਤਪਾਦਨ ਹੋਵੇ, ਰੱਖਿਆ ਬਰਾਮਦਾਂ, ਜਾਂ ਦੋਸਤਾਨਾ ਦੇਸ਼ਾਂ ਨਾਲ ਸਿਆਸੀ ਸਹਿਯੋਗ ਹੋਵੇ। ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਰਾਸ਼ਟਰ ਨੂੰ ਸੰਬੋਧਨ ਕਰਦਿਆਂ ਸ਼੍ਰੀ ਮੋਦੀ ਨੇ ਕਿਹਾ ਕਿ, ਅੱਜ 26 ਜੁਲਾਈ, ਇੱਕ ਅਜਿਹੀ ਤਰੀਕ ਏ ਜਿਸਨੂੰ ਯਾਦ ਰੱਖਣ ਲਈ ਕਿਸੇ ਕੈਲੰਡਰ ਦੀ ਲੋੜ ਨਹੀਂ, ਕਿਉਂਕਿ ਅੱਜ ਕਾਰਗਿਲ ਵਿਜੇ ਦਿਵਸ ਅੱਜ ਮਨਾਇਆ ਜਾ ਰਿਹਾ ਏ - byte -

ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸ ਸਾਲ ਇੱਕ ਵਿਸ਼ੇਸ਼ 'ਸ਼ੌਰਿਆ ਵਿਜੇ ਯਾਤਰਾ' ਕਰਾਈ ਜਾ ਰਹੀ ਏ, ਜੋ ਕਿ 14 ਜੁਲਾਈ ਨੂੰ ਦਿੱਲੀ ਦੀ ਰਾਸ਼ਟਰੀ ਜੰਗੀ ਯਾਦਗਾਰ ਤੋਂ ਸ਼ੁਰੂ ਹੋਈ ਸੀ। ਇਹ ਮੋਟਰਸਾਈਕਲ ਰੈਲੀ ਦਰਾਸ ਵਿੱਚ ਕਾਰਗਿਲ ਜੰਗੀ ਯਾਦਗਾਰ ਤੱਕ ਪਹੁੰਚੇਗੀ। ਇਸਦਾ

ਸੰਦੇਸ਼ ਏ – ਵਨ ਰਾਇਡ, ਵਨ ਨੇਸ਼ਨ, ਵਨ ਸੈਲਿਊਟ. ਸ਼੍ਰੀ ਮੋਦੀ ਨੇ ਕਿਹਾ ਕਿ ਇਹ ਯਾਤਰਾ ਸਾਰਿਆਂ ਨੂੰ ਯਾਦ ਦਿਵਾਉਂਦੀ ਏ ਕਿ ਰਾਸ਼ਟਰ ਲਈ ਕੀਤੀ ਗਈ ਕੁਰਬਾਨੀ ਨੂੰ ਕਦੇ ਨਹੀਂ ਭੁਲਾਇਆ ਜਾ ਸਕਦਾ।

---------------------------------------------------------

1999 ਦੀ ਕਾਰਗਿਲ ਜੰਗ ਦੌਰਾਨ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਭਾਰਤੀ ਫੌਜੀਆਂ ਦੀ ਬਹਾਦਰੀ ਦੇ ਸਨਮਾਨ ‘ਚ ਅੱਜ ਦੇਸ਼ ਭਰ ਵਿੱਚ ਕਾਰਗਿਲ ਵਿਜੈ ਦਿਵਸ ਮਨਾਇਆ ਜਾ ਰਿਹਾ ਏ । ਇਹ ਦਿਨ ਜੰਗ ਵਿਚ ਭਾਰਤ ਦੀ ਪਾਕਿਸਤਾਨ ਉੱਤੇ ਜਿੱਤ ਅਤੇ ਆਪ੍ਰੇਸ਼ਨ ਵਿਜੇ ਦੇ ਸਫਲਤਾ ਨਾਲ ਪੂਰੇ ਹੋਣ ਦੀ 27ਵੀਂ ਵਰ੍ਹੇਗੰਢ ਨੂੰ ਦਰਸਾਉਂਦਾ ਏ । ਇਸ ਆਪ੍ਰੇਸ਼ਨ ਦੌਰਾਨ, ਭਾਰਤੀ ਹਥਿਆਰਬੰਦ ਬਲਾਂ ਨੇ ਜੰਮੂ-ਕਸ਼ਮੀਰ ਦੇ ਕਾਰਗਿਲ ਜ਼ਿਲ੍ਹੇ ਦੇ ਉਨ੍ਹਾਂ ਖੇਤਰਾਂ ਨੂੰ ਮੁੜ੍ਹ ਹਾਸਿਲ ਕੀਤਾ ਜਿਨ੍ਹਾਂ ਵਿੱਚ ਪਾਕਿਸਤਾਨੀ ਫੌਜੀਆਂ ਅਤੇ ਦਹਿਸ਼ਤਗਰਦਾਂ ਨੇ ਘੁਸਪੈਠ ਕੀਤੀ ਸੀ। ਇਸ ਮੌਕੇ ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਸੀਪੀ ਰਾਧਾਕ੍ਰਿਸ਼ਨਨ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਾਤ ਭੂਮੀ ਦੀ ਰੱਖਿਆ ਵਿੱਚ ਆਪਣੀਆਂ ਜਾਨਾਂ ਕੁਰਬਾਨ ਕਰਨ ਵਾਲੇ ਬਹਾਦਰ ਫੌਜੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ । ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਵੀ ਚੰਡੀਗੜ੍ਹ ਦੀ ਜੰਗੀ ਯਾਦਗਾਰ ਵਿਖੇ ਕਾਰਗਿਲ ਯੁੱਧ ਦੇ ਸ਼ਹੀਦਾਂ ਨੂੰ ਫੁੱਲਾਂ ਨਾਲ ਸ਼ਰਧਾਂਜਲੀ ਭੇਟ ਕੀਤੀ। ਭਾਰਤੀ

ਹਥਿਆਰਬੰਦ ਫੌਜਾਂ ਦੀ ਬਹਾਦਰੀ ਨੂੰ ਸਲਾਮ ਕਰਦਿਆਂ ਉਨ੍ਹਾਂ ਕਿਹਾ ਕਿ ਸ਼ਹੀਦ ਸਿਰਫ਼ ਇੱਕ ਪਰਿਵਾਰ ਦੇ ਪਰਿਵਾਰਕ ਮੈਂਬਰ ਨਹੀਂ, ਸਗੋਂ ਉਹ ਹਰੇਕ ਭਾਰਤੀ ਦੇ ਪਰਿਵਾਰ ਦਾ ਹਿੱਸਾ ਨੇ. ਮੁਖ ਮੰਤਰੀ ਨੇ ਉਨ੍ਹਾਂ ਲੋਕਾਂ ਦੇ ਪਰਿਵਾਰਾਂ ਦਾ ਵੀ ਸਨਮਾਨ ਕੀਤਾ ਜਿਨ੍ਹਾਂ ਨੇ ਦੇਸ਼ ਦੀਆਂ ਸਰਹੱਦਾਂ ਦੀ ਰਾਖੀ ਕਰਦਿਆਂ ਕਾਰਗਿਲ ਜੰਗ ਦੌਰਾਨ ਆਪਣੀ ਸਰ੍ਬੁਚ ਕੁਰਬਾਨੀ ਦਿੱਤੀ।

------------------------------------------------------------

ਮੁਹਾਲੀ ਵਿਖੇ ਬੀਤੀ ਸ਼ਾਮ ਕੁੱਝ ਅਣਪਛਾਤੇ ਵਿਅਕਤੀਆਂ ਵੱਲੋਂ ਪੁਲਿਸ ਪਾਰਟੀ 'ਤੇ ਗੋਲੀਆਂ ਚਲਾਏ ਜਾਣ ਨਾਲ ਜ਼ਖਮੀ ਹੋਏ ਹੈੱਡ ਕਾਂਸਟੇਬਲ ਪਰਮਜੀਤ ਸਿੰਘ ਅਤੇ ਸੀਨੀਅਰ ਕਾਂਸਟੇਬਲ ਜਗਜੀਤ ਸਿੰਘ ਦੀ ਹਾਲਤ ਠੀਕ ਏ ਤੇ ਓਹ ਖਤਰੇ ਤੋਂ ਬਾਹਰ ਦਸੇ ਜਾ ਰਹੇ ਨੇ. ਇਹ ਦੋਵੇਂ ਹੀ ਮੁਹਾਲੀ ਸਿਵਲ ਹਸਪਤਾਲ ਚ ਜ਼ੇਰੇ ਇਲਾਜ਼ ਨੇ। ਹਸਪਤਾਲ ਚ ਜਖਮੀ ਪੁਲਿਸ ਮੁਲਾਜਮਾਂ ਦਾ ਹਾਲ - ਚਾਲ ਪੁੱਛਣ ਮਗਰੋਂ ਮੁਹਾਲੀ ਦੇ ਐੱਸ. ਪੀ. ਸੌਰਵ ਜਿੰਦਲ ਨੇ ਦੱਸਿਆ ਕਿ ਹਮਲਾਵਰਾਂ ਖ਼ਿਲਾਫ਼ ਥਾਣਾ ਸੋਹਾਣਾ ਵਿਖੇ ਕਤਲ ਦੀ ਕੋਸ਼ਿਸ਼ ਤੇ ਸਰਕਾਰੀ ਮੁਲਾਜ਼ਮਾਂ 'ਤੇ ਹਮਲਾ ਕਰਨ ਸਮੇਤ ਵੱਖ-ਵੱਖ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਏ । ਓਹਨਾਂ ਦੱਸਿਆ ਕਿ ਫ਼ਰਾਰ ਹਮਲਾਵਰਾਂ ਦੀ ਪਛਾਣ ਕਰ ਲਈ ਗਈ ਏ ਅਤੇ ਉਨ੍ਹਾਂ ਦੀ ਗ੍ਰਿਫ਼ਤਾਰੀ ਲਈ ਵੱਖ-ਵੱਖ ਥਾਵਾਂ 'ਤੇ

ਛਾਪੇਮਾਰੀ ਕੀਤੀ ਜਾ ਰਹੀ ਏ। ਘਟਨਾ ਬਾਰੇ ਜਾਣਕਾਰੀ ਦਿੰਦਿਆਂ ਐਸ ਪੀ ਜਿੰਦਲ ਨੇ ਦੱਸਿਆ ਕਿ ਮੁਹਾਲੀ ਦੇ ਪਿੰਡ ਸਨੇਟਾ ਨੇੜਲੇ ਖੇਤਰ 'ਚ ਬੀਤੀ ਸ਼ਾਮ ਨਸ਼ਾ ਤਸਕਰਾਂ ਨੂੰ ਕਾਬੂ ਕਰਨ ਗਈ ਐਂਟੀ ਨਾਰਕੋਟਿਕਸ ਸੈੱਲ ਦੀ ਪੁਲਿਸ ਪਾਰਟੀ 'ਤੇ ਕਥਿਤ ਤੌਰ 'ਤੇ ਜਾਨਲੇਵਾ ਹਮਲਾ ਕੀਤਾ ਗਿਆ ਸੀ- byte - SP JINDAL - 25 sec

---------------------------------------------------------

ਸੁਲਤਾਨਪੁਰ ਲੋਧੀ ਨੇ ਵੋਟਰ ਸੂਚੀਆਂ ਦੀ ਚੱਲ ਰਹੀ ਵਿਸ਼ੇਸ਼ ਗਹਿਨ ਸੋਧ ਤਹਿਤ ਇਨਿਊ-ਮਰੇਸ਼ਨ ਫਾਰਮਾਂ ਦਾ 100 ਫੀਸਦੀ ਡਿਜੀਟਾਈਜ਼ੇਸ਼ਨ ਮੁਕੰਮਲ ਕਰ ਲਿਆ ਏ, ਜਿਸ ਨਾਲ ਇਹ, ਕਪੂਰਥਲਾ ਜ਼ਿਲ੍ਹੇ ਦੇ ਸਭ ਤੋਂ ਵਧੀਆ ਕਾਰਗੁਜ਼ਾਰੀ ਵਾਲੇ ਵਿਧਾਨ ਸਭਾ ਹਲਕਿਆਂ ਵਿੱਚੋਂ ਇੱਕ ਵਜੋਂ ਉੱਭਰਿਆ ਏ। ਬੀਤੇ ਕਲ੍ਹ, 25 ਜੁਲਾਈ ਤੱਕ ਹਲਕੇ ਦੇ ਸਾਰੇ 1 ਲਖ 46 ਹਜ਼ਾਰ 682 ਵੋਟਰਾਂ ਦੇ ਅੰਕੜੇ ਲੈ ਲਏ ਗਏ ਨੇ.

---------------------------------------------------------

ਭਾਰਤ ਦੀ ਮਰਦਾਂ ਦੀ ਸਬ-ਜੂਨੀਅਰ ਹਾਕੀ ਟੀਮ ਨੇ FIH ਯੂਥ ਹਾਕੀ-FIF ਏਸ਼ੀਅਨ ਚੈਂਪੀਅਨਸ਼ਿਪ ਦਾ ਖਿਤਾਬ ਜਿੱਤ ਲਿਆ ਏ। ਭਾਰਤ ਨੇ ਫਾਈਨਲ ਵਿੱਚ ਪਾਕਿਸਤਾਨ ਨੂੰ 3-1 ਨਾਲ ਹਰਾਇਆ।